# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 31-07-2025**

ਵਿਰੋਧੀ ਧਿਰ ਵੱਲੋਂ ਵੱਖ-ਵੱਖ ਮੁੱਦਿਆਂ 'ਤੇ ਹੰਗਾਮੇ ਕਾਰਨ ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ ਦੁਪਹਿਰ ਬਾਅਦ 2 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ। ਜਦੋਂ ਰਾਜ ਸਭਾ, ਪਹਿਲੀ ਵਾਰ ਮੁਲਤਵੀ ਹੋਣ ਤੋਂ ਬਾਅਦ ਮੁੜ ਜੁੜੀ ਤਾਂ ਵਿਰੋਧੀ ਧਿਰ ਦੇ ਮੈਂਬਰਾਂ ਨੇ ਬਿਹਾਰ ਵਿਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੋਧ ਪ੍ਰੋਗਰਾਮ 'ਤੇ ਚਰਚਾ ਦੀ ਮੰਗ ਕਰਦਿਆਂ, ਵੱਖ-ਵੱਖ ਮੁਦਿਆਂ 'ਤੇ ਦੁਬਾਰਾ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਓਧਰ, ਵਿਰੋਧੀ ਧਿਰ ਵੱਲੋਂ ਵੱਖ-ਵੱਖ ਮੁੱਦਿਆਂ 'ਤੇ ਹੰਗਾਮੇ ਤੋਂ ਬਾਅਦ ਲੋਕ ਸਭਾ ਦੀ ਕਾਰਵਾਈ ਵੀ ਦੁਪਹਿਰ ਬਾਅਦ 2 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ। ਜਿਵੇਂ ਹੀ ਸਦਨ ਸਵੇਰੇ 11 ਵਜੇ ਜੁੜਿਆ ਤਾਂ ਸਪੀਕਰ ਓਮ ਬਿਰਲਾ ਨੇ ਨਾਸਾ-ਇਸਰੋ ਸਿੰਥੈਟਿਕ ਅਪਰਚਰ ਰਾਡਾਰ-ਨਿਸਾਰ ਉਪਗ੍ਰਹਿ ਦੇ ਸਫਲ ਪ੍ਰੀਖਣ ਲਈ ਵਿਗਿਆਨੀਆਂ ਨੂੰ ਵਧਾਈ

ਦਿੱਤੀ। ਸ੍ਰੀ ਬਿਰਲਾ ਨੇ ਪ੍ਰਸ਼ਨਕਾਲ ਚਲਾਉਣ ਦੀ ਕੋਸ਼ਿਸ਼ ਕੀਤੀ ਪਰ ਵਿਰੋਧੀ ਧਿਰ ਦੇ ਮੈਂਬਰ, ਬਿਹਾਰ ਵਿਚ ਵੋਟਰ ਸੂਚੀਆਂ ਦੀ ਸੋਧ ਪ੍ਰੋਗਰਾਮ ਨੂੰ ਵਾਪਸ ਲੈਣ ਅਤੇ ਹੋਰ ਮੁੱਦਿਆਂ ਦੀ ਮੰਗ ਕਰਦੇ ਹੋਏ ਸਦਨ ਦੇ ਵਿਚਕਾਰ ਆ ਗਏ।

---------------------------------------------------------------

ਸ਼ਹੀਦ ਊਧਮ ਸਿੰਘ ਦੇ 86ਵੇਂ ਸ਼ਹੀਦੀ ਦਿਹਾੜੇ ਉੱਤੇ ਦੇਸ਼ ਅੱਜ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ। ਗ਼ਦਰ ਪਾਰਟੀ ਅਤੇ ਹਿੰਦੁਸਤਾਨ ਸੋਸ਼ਲਿਸਟ ਰਿਪਬਲਿਕ ਐਸੋਸੀਏਸ਼ਨ (HSRA) ਨਾਲ ਜੁੜੇ ਰਹੇ ਸ਼ਹੀਦ ਊਧਮ ਸਿੰਘ ਨੇ 1919 ਵਿਚ ਅੰਮ੍ਰਿਤਸਰ ਵਿਚ ਜਲ੍ਹਿਆਂਵਾਲਾ ਬਾਗ ਕਤਲੇਆਮ ਦਾ ਬਦਲਾ ਲੈਣ ਲਈ 13 ਮਾਰਚ 1940 ਨੂੰ ਬ੍ਰਿਟਿਸ਼ ਪੰਜਾਬ ਦੇ ਸਾਬਕਾ ਲੈਫਟੀਨੈਂਟ ਗਵਰਨਰ ਮਾਈਕਲ ਓ'ਡਵਾਇਰ ਦੀ ਹੱਤਿਆ ਕਰ ਦਿੱਤੀ ਸੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਕ ਸੋਸ਼ਲ ਮੀਡੀਆ ਪੋਸਟ ਵਿਚ ਕਿਹਾ ਏ ਕਿ ਉਹ ਭਾਰਤ ਮਾਤਾ ਦੇ ਅਮਰ ਸਪੂਤ ਸ਼ਹੀਦ ਊਧਮ ਸਿੰਘ ਨੂੰ ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਨਿਮਰ ਸ਼ਰਧਾਂਜਲੀ ਭੇਟ ਕਰਦੇ ਨੇ। ਉਨ੍ਹਾਂ ਦੀ ਦੇਸ਼ ਭਗਤੀ ਅਤੇ ਬਹਾਦਰੀ ਦੀ

ਕਹਾਣੀ ਹਮੇਸ਼ਾ ਦੇਸ਼ ਵਾਸੀਆਂ ਲਈ ਪ੍ਰੇਰਨਾ ਸਰੋਤ ਬਣੀ ਰਹੇਗੀ। ਸ਼ਹੀਦ ਊਧਮ ਸਿੰਘ ਨੂੰ ਯਾਦ ਕਰਨ ਲਈ ਸੂਬਾ ਪੱਧਰੀ ਪ੍ਰੋਗਰਾਮ ਉਨ੍ਹਾਂ ਦੇ ਜੱਦੀ ਇਲਾਕੇ ਸੁਨਾਮ ਵਿਚ ਕੀਤਾ ਗਿਆ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਮਹਾਨ ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕੀਤੀ। ਪੰਜਾਬ ਦੇ ਰਾਜਪਾਲ ਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਏ ਕਿ ਸ਼ਹੀਦ ਊਧਮ ਸਿੰਘ ਦਾ ਨਿਡਰ ਨਿਆਂ ਦਾ ਕਾਰਜ ਉਨ੍ਹਾਂ ਕੁਰਬਾਨੀਆਂ ਦੀ ਯਾਦ ਦਿਵਾਉਂਦਾ ਏ, ਜਿਨ੍ਹਾਂ ਨੇ ਸਾਡੇ ਰਾਸ਼ਟਰ ਦੀ ਨੀਂਹ ਰੱਖੀ ਸੀ। ਇਸ ਦੌਰਾਨ, ਚੰਡੀਗੜ੍ਹ ਦੇ ਸਕੂਲਾਂ ਵਿਚ ਸ਼ਹੀਦ ਊਧਮ ਸਿੰਘ ਦੇ ਜੀਵਨ ਤੇ ਵਿਰਾਸਤ ਦੇ ਸਨਮਾਨ ਲਈ ਸਮਰਪਿਤ ਇਕ ਘੰਟੇ ਦੀ ਵਿਸ਼ੇਸ਼ ਸਕੂਲ ਅਸੈਂਬਲੀ ਦਾ ਆਯੋਜਨ ਕੀਤਾ ਗਿਆ।

---------------------------------------------------------------

ਭਾਰਤੀ ਫੌਜ ਦੇ ਦੋ ਬਹਾਦਰ ਜਵਾਨਾਂ, ਜਿਨ੍ਹਾਂ ਨੇ ਕੱਲ੍ਹ ਲੇਹ ਹਾਦਸੇ ਵਿਚ ਆਪਣੀ ਜਾਨ ਗੁਆ ਦਿੱਤੀ ਸੀ, ਦਾ ਅੱਜ ਦੁਪਹਿਰ ਪਠਾਨਕੋਟ ਅਤੇ

ਗੁਰਦਾਸਪੁਰ ਵਿਚ ਉਨ੍ਹਾਂ ਦੇ ਆਪਣੇ-ਆਪਣੇ ਸਥਾਨਾਂ ਉੱਤੇ ਫੌਜੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕੀਤਾ ਜਾਵੇਗਾ। ਫੌਜੀ ਜਵਾਨਾਂ ਦੀਆਂ ਮ੍ਰਿਤਕ ਦੇਹਾਂ ਦੁਪਹਿਰ ਤੱਕ ਪਹੁੰਚਣ ਦੀ ਉਮੀਦ ਏ। ਪਠਾਨਕੋਟ ਨਾਲ ਸਬੰਧਤ ਲੈਫਟੀਨੈਂਟ ਕਰਨਲ ਭਾਨੂ ਪ੍ਰਤਾਪ ਸਿੰਘ ਮਨਕੋਟੀਆ ਅਤੇ ਗੁਰਦਾਸਪੁਰ ਨਾਲ ਸਬੰਧਤ ਲਾਂਸ ਦਫਾਦਾਰ ਦਲਜੀਤ ਸਿੰਘ ਨੇ ਲੱਦਾਖ ਵਿਚ ਡਿਊਟੀ ਦੌਰਾਨ ਉਸ ਸਮੇਂ ਮਹਾਨ ਕੁਰਬਾਨੀ ਦਿੱਤੀ, ਜਦੋਂ ਚੱਟਾਨ ਤੋਂ ਇਕ ਪੱਥਰ ਉਸ ਫੌਜੀ ਵਾਹਨ 'ਤੇ ਡਿੱਗ ਪਿਆ, ਜਿਸ ਵਿਚ ਉਹ ਕਾਫ਼ਲੇ ਨਾਲ ਯਾਤਰਾ ਕਰ ਰਹੇ ਸਨ। ਇਹ ਦੋਵੇਂ ਫੌਜ ਦੀ 14ਵੀਂ ਹਾਰਸ ਰੈਜੀਮੈਂਟ ਵਿਚ ਤਾਇਨਾਤ ਸਨ।

---------------------------------------------------------------

ਮਾਈ ਯੁਵਾ ਭਾਰਤ ਸਰਕਾਰ ਦੇ ਜ਼ਿਲ੍ਹਾ ਯੂਥ ਅਫਸਰ, ਜਸਲੀਨ ਕੌਰ ਦੀ ਅਗਵਾਈ ਹੇਠ ਆਈ.ਟੀ. ਭਗਵਾਨਪੁਰਾ ਅਲਗੋ ਕੋਠੀ ਵਿਚ ਸਰਕਾਰੀ ਸਕੀਮਾਂ ਦੀ ਜਾਣਕਾਰੀ ਦੇਣ ਲਈ ਵਰਕਸ਼ਾਪ ਲਗਾਈ ਗਈ। ਇਸ ਮੌਕੇ ਜ਼ਿਲ੍ਹਾ ਯੂਥ ਅਫਸਰ ਨੇ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਸਬੰਧੀ ਜਾਣਕਾਰੀ ਸਾਂਝੀ ਕੀਤੀ ਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਵੱਧ

ਸਰਕਾਰੀ ਯੋਜਨਾਵਾਂ ਦਾ ਲਾਭ ਲਿਆ ਜਾਵੇ। ਜੇਕਰ ਕਿਸੇ ਵੀ ਤਰ੍ਹਾਂ ਦੀ ਕੋਈ ਮੁਸ਼ਕਿਲ ਪਰੇਸ਼ਾਨੀ ਆਉਂਦੀ ਏ ਤਾਂ ਸਬੰਧਤ ਵਿਭਾਗ ਨਾਲ ਤਾਲਮੇਲ ਕੀਤਾ ਜਾਵੇ। ਵਰਕਸ਼ਾਪ ਦੌਰਾਨ ਰਿਸੋਰਸ ਪਰਸਨ ਵਜੋਂ ਸਿਵਲ ਹਸਪਤਾਲ ਤਰਨਤਾਰਨ ਤੋਂ ਜ਼ਿਲ੍ਹਾ ਕੋਆਰਡੀਨੇਟਰ ਵਰੁਣ ਸੂਦ ਨੇ ਆਯੂਸ਼ਮਾਨ ਭਾਰਤ ਸਕੀਮ ਸਬੰਧੀ ਜਾਣਕਾਰੀ ਦਿੱਤੀ ਤੇ ਬਾਬਾ ਦਾਰਾ ਮੱਲ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਸੰਦੀਪ ਮਸੀਹ ਨੇ ਸਵੱਛ ਭਾਰਤ ਅਭਿਆਨ ਬਾਰੇ ਜਾਣਕਾਰੀ ਸਾਂਝੀ ਕੀਤੀ। ਰਜਨੀਸ਼ ਬਾਲਾ ਨੇ ਜਲ ਜੀਵਨ ਮਿਸ਼ਨ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਪ੍ਰੋਗਰਾਮ ਦੀ ਸਮਾਪਤੀ "ਏਕ ਪੇੜ ਮਾਂ ਕੇ ਨਾਮ" ਮੁਹਿੰਮ ਤਹਿਤ ਕਾਲਜ ਵਿਚ ਬੂਟੇ ਲਗਾ ਕੇ ਕੀਤੀ ਗਈ ।

------------------------------------------------------------

ਸੈਂਟਰਲ ਜੀ.ਐੱਸ.ਟੀ. ਲੁਧਿਆਣਾ ਨੇ ਖਾਸ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਆਡੀਓ-ਵੀਡੀਓ ਉਤਪਾਦਨ ਖੇਤਰ ਦੀਆਂ ਕਈ ਫਰਮਾਂ ਵਿਰੁੱਧ ਜਾਂਚ ਕੀਤੀ, ਜਿਸ ਵਿਚ 62 ਕਰੋੜ ਰੁਪਏ ਦੀ ਜੀ.ਐੱਸ.ਟੀ. ਚੋਰੀ ਦਾ ਖੁਲਾਸਾ ਹੋਇਆ ਏ। ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਇਨ੍ਹਾਂ

ਫਰਮਾਂ ਨੇ ਵਿਦੇਸ਼ੀ ਸੰਸਥਾਵਾਂ ਤੋਂ 342 ਕਰੋੜ ਰੁਪਏ ਦੀਆਂ ਸੇਵਾਵਾਂ ਦਰਾਮਦ ਕੀਤੀਆਂ ਸਨ ਤੇ ਜਦਕਿ ਜੀ.ਐੱਸ.ਟੀ. ਦਾ ਬਣਦਾ ਭੁਗਤਾਨ ਨਹੀਂ ਕੀਤਾ ਸੀ। ਸਾਡੇ ਪੱਤਰਕਾਰ ਨੇ ਜੀ.ਐੱਸ.ਟੀ. ਵਿਭਾਗ ਦੇ ਹਵਾਲੇ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਏ ਕਿ ਜਾਂਚ ਤੋਂ ਇਹ ਵੀ ਪਤਾ ਲੱਗਾ ਏ ਕਿ ਇਨ੍ਹਾਂ ਫਰਮਾਂ ਨੇ ਜੀ.ਐੱਸ.ਟੀ. ਕਾਨੂੰਨਾਂ ਤਹਿਤ ਨਿਰਧਾਰਤ ਕਿਸੇ ਵੀ ਦਸਤਾਵੇਜ਼ੀ ਪ੍ਰਕਿਰਿਆ ਦੀ ਪਾਲਣਾ ਨਹੀਂ ਕੀਤੀ, ਜਿਸ ਤੋਂ ਇਹ ਸਪੱਸ਼ਟ ਹੁੰਦਾ ਏ ਕਿ ਇਹ ਟੈਕਸ ਚੋਰੀ ਚੰਗੀ ਤਰ੍ਹਾਂ ਯੋਜਨਾਬੱਧ ਤੇ ਜਾਣ-ਬੁੱਝ ਕੇ ਕੀਤੀ ਗਈ ਸੀ।